# ਪੰਜਾਬ ਆਈ.ਸੀ.ਟੀ. ਐਜੂਕੇਸ਼ਨ ਸੁਸਾਇਟੀ (ਪਿਕਟਸ)

**ਪੀ.ਐਸ.ਈ.ਬੀ. ਕੰਪਲੈਕਸ, ਈ.ਬਲਾਕ, ਪਹਿਲੀ ਮੰਜ਼ਿਲ, ਫੇਜ਼-8, ਸਾਹਿਬਜਾਦਾ ਅਜੀਤ ਸਿੰਘ ਨਗਰ।**

**ਫੋਨ ਨੰ. 0172-5218801, ਈ-ਮੇਲ: edusat.punjab@punjabeducation.gov.in**


ਵੱਲ,

1. ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਪੰਜਾਬ।
2. ਐਜੂਸੈਟ ਸੁਵਿਧਾ ਵਾਲੇ (ਹਾਈ ਅਤੇ ਸੀਨੀਅਰ ਸੈਕੰਡਰੀ) ਸਕੂਲਾਂ ਦੇ ਮੁੱਖੀ (ਵੈਬਸਾਈਟ ਰਾਹੀਂ)।

ਮੀਮੋ ਨੰ.: E-139452/ਪਿਕਟਸ/ਟਾਈਮ-ਸ਼ਡਿਊਲ/518667

ਮਿਤੀ: ..29.. ਨਵੰਬਰ, 2023.

**ਵਿਸ਼ਾ: ਸਕੂਲ ਸਿੱਖਿਆ ਵਿਭਾਗ ਲਈ ਐਜੂਸੈਟ ਪ੍ਰੋਗਰਾਮਾਂ ਦਾ ਸ਼ਡਿਊਲ ਮਹੀਨਾ ਦਸੰਬਰ-2023.**

1.0 ਉਪਰੋਕਤ ਵਿਸ਼ੇ ਸਬੰਧੀ ਦਸੰਬਰ ਮਹੀਨੇ ਦਾ ਐਜੂਸੈਟ ਸ਼ਡਿਊਲ ਨਾਲ ਨੱਥੀ ਕਰਕੇ ਭੇਜਿਆ ਜਾ ਰਿਹਾ ਹੈ। ਕ੍ਰਿਪਾ ਕਰਕੇ ਸਬੰਧਤ ਸਕੂਲ ਮੁੱਖੀ ਯਕੀਨੀ ਬਣਾਉਣ ਕਿ ਸ਼ਡਿਊਲ ਮੁਤਾਬਿਕ ਸਬੰਧਤ ਵਿਸ਼ਾ ਅਧਿਆਪਕ ਅਤੇ ਵਿੱਦਿਆਰਥੀ ਐਜੂਸੈਟ ਰੂਮ ਵਿੱਚ ਹਾਜ਼ਰ ਰਹਿ ਕੇ ਪ੍ਰਸਾਰਿਤ ਕੀਤੇ ਪ੍ਰੋਗਰਾਮਾਂ ਵਿੱਚ ਭਾਗ ਲੈਣ। ਟੈਲੀਕਾਸਟ ਸਮੇਂ ਕਿਸੇ ਤਕਨੀਕੀ ਖਰਾਬੀ ਕਾਰਣ ਨੈਟਵਰਕ ਫੇਲ ਹੋ ਜਾਣ ਦੀ ਸੂਰਤ ਵਿੱਚ ਸਬੰਧਤ ਵਿਸ਼ਾ ਅਧਿਆਪਕ ਉਸ ਟਾਪਿਕ ਨੂੰ ਪੂਰਾ ਕਰੇਗਾ।

2.0 ਐਜੂਸੈਟ ਰੂਮ ਅਤੇ ਐਜੂਸੈਟ ਲਾਇਬਰੇਰੀ ਵਿੱਚ ਹਰ ਸਬੰਧਤ ਪੀਰੀਅਡ ਵਿੱਚ ਵਿੱਦਿਆਰਥੀਆਂ ਦੀ ਹਾਜ਼ਰੀ ਐਜੂਸੈਟ ਰਜਿਸਟਰ ਵਿੱਚ ਲਗਾਈ ਜਾਵੇ ਅਤੇ ਸਟੇਟ ਦਫਤਰ ਵੱਲੋਂ ਟੈਲੀਫੋਨ ਰਾਹੀਂ ਸਕੂਲ ਮੁੱਖੀਆਂ, ਵਿਸ਼ਾ ਅਧਿਆਪਕਾਂ ਅਤੇ ਵਿੱਦਿਆਰਥੀਆਂ ਤੋਂ ਲਿਆ ਜਾਣ ਵਾਲਾ ਫੀਡਬੈਕ ਵੀ ਦਿੱਤਾ ਜਾਵੇ। ਸਕੂਲ ਮੁੱਖੀ ਐਜੂਸੈਟ ਰਜਿਸਟਰ ਵਿੱਚ ਐਜੂਸੈਟ ਪ੍ਰੋਗਰਾਮਾਂ ਦਾ ਰਿਕਾਰਡ ਵੀ ਤਸਦੀਕ ਕਰੇਗਾ, ਜਿਸ ਵਿੱਚ ਵਿੱਦਿਆਰਥੀਆਂ ਦੀ ਗਿਣਤੀ ਅਤੇ ਸਬੰਧਤ ਅਧਿਆਪਕ ਦਾ ਨਾਮ ਵੀ ਦਰਜ ਹੋਵੇ।

3.0 ਸਕੂਲ ਮੁੱਖੀ ਸੁਨਿਸ਼ਚਿਤ ਕਰਨਗੇ ਕਿ ਐਜੂਸੈਟ ਪ੍ਰੋਗਰਾਮਾਂ ਦਾ ਸ਼ਡਿਊਲ ਅਤੇ ਐਜੂਸੈਟ ਟਾਈਮ ਟੇਬਲ ਦੀ ਕਾਪੀ ਐਜੂਸੈਟ ਕਮਰੇ ਵਿੱਚ ਉਪਲਭਧ ਕਰਵਾਈ ਹੋਈ ਹੈ। ਸਕੂਲ ਮੁੱਖੀ ਇਹ ਵੀ ਸੁਨਿਸ਼ਚਿਤ ਕਰੇਗਾ ਕਿ ਲਾਈਵ ਲੈਕਚਰ ਵਾਲੇ ਦਿਨ ਜਿਸ ਅਧਿਆਪਕ ਦੀ ਡਿਊਟੀ ਲਾਈਵ ਲੈਕਚਰ ਲਈ ਲਗਾਈ ਗਈ ਹੈ, ਸਮੇਂ ਸਿਰ ਐਜੂਸੈਟ ਦਫਤਰ ਵਿਖੇ ਹਾਜ਼ਰ ਹੋਣ। ਇਸ ਤੋਂ ਇਲਾਵਾ ਪ੍ਰੋਗਰਾਮਾਂ ਨੂੰ ਹੋਰ ਵਧੀਆ ਬਣਾਉਣ ਲਈ ਕ੍ਰਿਪਾ

ਕਰਕੇ ਆਪਣੀ ਰਾਏ ਈ-ਮੇਲ edusatfeedback@punjabeducation.gov.in ਤੇ ਭੇਜੀ ਜਾਵੇ। ਫੀਡਬੈਕ ਦੇਣ ਲਈ https://goo.gl/forms/xVw2bdM4effysZhB3 link ਦੀ ਵਰਤੋਂ ਵੀ ਕੀਤੀ ਜਾ ਸਕਦੀ ਹੈ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਪੰਜਾਬ ਆਈ.ਸੀ.ਟੀ.ਐਜੂਕੇਸ਼ਨ ਸੁਸਾਇਟੀ

**ਪਿੱਠਅੰਕਣ ਨੰ.: E-139452/ਪਿਕਟਸ/ਟਾਈਮ-ਸ਼ਡਿਊਲ/ਉਕਤ** **ਮਿਤੀ:** 29/11/2023.

ਉਪਰੋਕਤ ਦਾ ਉਤਾਰਾ ਹੇਠ ਲਿੱਖੀਆ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ: -

1. ਡਾਇਰੈਕਟਰ ਐਸ.ਸੀ.ਈ.ਆਰ.ਟੀ ਪੰਜਾਬ।
2. ਸਬੰਧਤ ਸਟੇਟ ਰਿਸੋਰਸ ਗਰੁੱਪ (ਸਾਇੰਸ/ਮੈਥ/ਅੰਗਰੇਜੀ/ਹਿਊਮੈਨਟੀਜ਼), ਸਟੂਡਿਓ ਇੰਜੀਨੀਅਰ, ਤਕਨੀਕੀ ਸਟਾਫ ਅਤੇ ਅਕਾਂਊਂਟੈਂਟ ਪਿਕਟਸ।
3. ਡੀ.ਐਮ.(ਐਮ.ਆਈ.ਐਸ) ਨੂੰ ਤੁਰੰਤ ਵੈਬਸਾਈਟ ਅਤੇ ਨੋਟਿਸ ਬੋਰਡ ਤੇ ਉਪਲਭਧ ਕਰਾਉਣ ਹਿੱਤ।

ਡਿਪਟੀ ਸਟੇਟ ਪ੍ਰੋਜੈਕਟ ਡਾਇਰੈਕਟਰ
ਪੰਜਾਬ ਆਈ.ਸੀ.ਟੀ.ਐਜੂਕੇਸ਼ਨ ਸੁਸਾਇਟੀ

**Feedback Form**